# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 07-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸ਼ਾਸਨ ਦੇ 25ਵੇਂ ਸਾਲ ਵਿੱਚ ਦਾਖਲ ਹੁੰਦਿਆਂ, ਇੱਕ ਵਿਕਸਤ ਭਾਰਤ ਦੇ ਸਾਂਝੇ ਸੁਪਨੇ ਨੂੰ ਪੂਰਾ ਕਰਨ ਲਈ ਸਖ਼ਤ ਮਿਹਨਤ ਦਾ ਸੰਕਲਪ ਲਿਆ।

- ਕੇਂਦਰੀ ਜਲ ਸ਼ਕਤੀ ਅਤੇ ਰੇਲਵੇ ਰਾਜ ਮੰਤਰੀ, ਵੀ. ਸੋਮੰਨਾ ਨੇ ਅੱਜ ਅੰਮ੍ਰਿਤਸਰ ਵਿੱਚ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

- ਪੰਜਾਬ ਸਰਕਾਰ ਨੇ ਕੋਲਡਰਿਫ ਕਫ ਸਿਰਪ ਦੀ ਵਰਤੋਂ, ਵਿਕਰੀ ਅਤੇ ਵੰਡ 'ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਾਈ।

- ਅੱਜ ਦੇਸ਼ ਭਰ ਵਿੱਚ, ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਉਤਸਵ, ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਪੰਜਾਬ ਮੰਡੀ ਬੋਰਡ ਵੱਲੋਂ ਝੋਨੇ ਦੀ ਸੁਚਾਰੂ ਖਰੀਦ ਲਈ ਕੰਟਰੋਲ ਰੂਮ ਸਥਾਪਤ - ਮੰਡੀਆਂ ਨਾਲ ਸਬੰਧਤ ਮਾਮਲਿਆਂ ਦੇ ਤੁਰੰਤ ਨਿਪਟਾਰੇ ਵਿੱਚ ਮਦਦ ਲਈ ਕੀਤਾ ਉਪਰਾਲਾ ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਦੇਸ਼ ਵਿੱਚ ਸ਼ਾਨਦਾਰ ਤਬਦੀਲੀ ਆਈ ਏ । ਉਨ੍ਹਾਂ ਕਿਹਾ ਕਿ ਮਹੱਤਵਪੂਰਨ ਉਪਰਾਲਿਆਂ ਨੇ ਔਰਤਾਂ, ਨੌਜਵਾਨਾਂ ਅਤੇ ਕਿਸਾਨਾਂ ਨੂੰ ਸਸ਼ਕਤ ਬਣਾਇਆ ਏ , ਅਤੇ 25 ਕਰੋੜ ਤੋਂ ਵੱਧ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਏ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ, ਆਲਮੀ ਅਰਥਵਿਵਸਥਾ ਵਿੱਚ ਇੱਕ ਮਹੱਤਵਪੂਰਨ ਸਥਾਨ ਰੱਖਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਵੱਡੀਆਂ ਸਿਹਤ ਸੰਭਾਲ ਅਤੇ ਸਮਾਜਿਕ ਸੁਰੱਖਿਆ ਯੋਜਨਾਵਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿਆਪਕ ਸੁਧਾਰ ਕੀਤੇ ਨੇ । ਸਰਕਾਰ ਦਾ ਉਦੇਸ਼ ਦੇਸ਼ ਨੂੰ ਸਾਰੇ ਖੇਤਰਾਂ ਵਿੱਚ ਆਤਮ -ਨਿਰਭਰ ਬਣਾਉਣਾ ਏ ,ਜਿਸ ਵਿਚ "ਮਾਣ ਨਾਲ ਕਹੋ ਕਿ ਇਹ

ਸਵਦੇਸ਼ੀ ਏ " ਦਾ ਸੱਦਾ ਨਜ਼ਰ ਆਵੇ। ਉਨ੍ਹਾਂ ਕਿਹਾ ਕਿ ਸੰਵਿਧਾਨ ਦੀਆਂ ਕਦਰਾਂ-ਕੀਮਤਾਂ ਹਮੇਸ਼ਾ ਉਨ੍ਹਾਂ ਦੇ ਮਾਰਗਦਰਸ਼ਕ ਸਿਧਾਂਤ ਰਹੀਆਂ ਹਨ। ਸ਼੍ਰੀ ਮੋਦੀ ਨੇ ਇੱਕ ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ, ਆਉਣ ਵਾਲੇ ਸਾਲਾਂ ਵਿੱਚ ਅਣਥੱਕ ਮਿਹਨਤ ਕਰਨ ਦੇ ਆਪਣੇ ਸੰਕਲਪ ਦੀ ਪੁਸ਼ਟੀ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਰਾਜ ਦੇ ਮੁਖੀ ਵਜੋਂ ਰਾਸ਼ਟਰ ਦੀ ਸੇਵਾ ਦੇ ਆਪਣੇ 25ਵੇਂ ਸਾਲ ਵਿੱਚ ਪ੍ਰਵੇਸ਼ ਕਰਦੇ ਹੋਏ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਲੋਕਾਂ ਦੇ ਵਿਸ਼ਵਾਸ ਅਤੇ ਪਿਆਰ ਲਈ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੇਵਾ ਕਰਨਾ ਉਨ੍ਹਾਂ ਦਾ ਸਭ ਤੋਂ ਵੱਡਾ ਸਨਮਾਨ ਰਿਹਾ ਏ।

---------------------------------------------------------------

ਕੇਂਦਰੀ ਜਲ ਸ਼ਕਤੀ ਅਤੇ ਰੇਲਵੇ ਰਾਜ ਮੰਤਰੀ, ਵੀ. ਸੋਮੰਨਾ ਨੇ ਅੱਜ ਅੰਮ੍ਰਿਤਸਰ ਵਿੱਚ ਭਾਰਤ-ਪਾਕਿਸਤਾਨ ਸਰਹੱਦ 'ਤੇ ਸਥਿਤ ਵੱਖ-ਵੱਖ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ, ਤਾਂ ਜੋ ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਰਾਵੀ ਦਰਿਆ ਦੇ ਪਾਣੀ ਦੇ ਵਹਾਅ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਜਾ ਸਕੇ। ਉਨ੍ਹਾਂ ਸਥਾਨਕ ਨਿਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਚਿੰਤਾਵਾਂ ਅਤੇ ਹੋਏ ਨੁਕਸਾਨ ਦੀ ਜਾਣਕਾਰੀ ਲਈ। ਮੰਤਰੀ ਨੇ ਰਾਜ ਸਰਕਾਰ 'ਤੇ ਪਿਛਲੇ 10 ਸਾਲਾਂ ਵਿੱਚ ਹੜ੍ਹ ਰੋਕਥਾਮ ਅਤੇ ਮਿੱਟੀ ਕੱਢਣ ਲਈ ਕੋਈ ਯੋਜਨਾਬੱਧ ਕੰਮ ਨਾ

ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਮੇਂ ਸਿਰ ਬੰਨ੍ਹਾਂ ਦੀ ਮੁਰੰਮਤ  ਅਤੇ ਡਰੇਨੇਜ ਸਿਸਟਮ ਨੂੰ ਮਜ਼ਬੂਤ ਕੀਤਾ ਹੁੰਦਾ, ਤਾਂ ਮੌਜੂਦਾ ਹੜ੍ਹਾਂ ਤੋਂ ਬਾਅਦ ਲੋਕਾਂ ਨੂੰ ਇੰਨੀਆਂ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪੈਂਦਾ। ਉਨ੍ਹਾਂ ਨੇ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਕੇਂਦਰ ਸਰਕਾਰ ਵੱਲੋਂ ਸੂਬੇ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।

BYTE

ਪੰਜਾਬ ਦੇ ਦੋ ਦਿਨਾਂ ਦੌਰੇ 'ਤੇ ਆਏ ਸ਼੍ਰੀ ਸੋਮੰਨਾ ਕੱਲ੍ਹ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਚੱਲ ਰਹੇ ਕੰਮ ਦਾ ਵੀ ਨਿਰੀਖਣ ਕਰਨਗੇ।

-----------------------------------------------------

ਪੰਜਾਬ ਸਰਕਾਰ ਨੇ ਕੋਲਡਰਿਫ ਕਫ ਸਿਰਪ ਦੀ ਵਰਤੋਂ, ਵਿਕਰੀ ਅਤੇ ਵੰਡ 'ਤੇ ਪਾਬੰਦੀ ਲਗਾ ਦਿੱਤੀ ਏ। ਇਹ ਫੈਸਲਾ ਮੱਧ ਪ੍ਰਦੇਸ਼ ਵਿੱਚ ਮਾੜੀ ਗੁਣਵੱਤਾ ਵਾਲੀ ਕਫ ਸਿਰਪ ਲੈਣ ਕਾਰਨ ਕਥਿਤ ਤੌਰ 'ਤੇ 14 ਬੱਚਿਆਂ ਦੀ ਮੌਤ ਦੀ ਖਬਰ ਦੇ ਮੱਦੇਨਜ਼ਰ ਲਿਆ ਗਿਆ ਏ। ਪੰਜਾਬ ਸਰਕਾਰ ਦੇ ਖੁਰਾਕ ਤੇ ਦਵਾ ਪ੍ਰਸ਼ਾਸ਼ਨ FDA ਨੇ ਇੱਕ ਹੁਕਮ ਵਿੱਚ ਕਿਹਾ ਏ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਕਿਉਂਕਿ ਇਸ ਉਤਪਾਦ ਨੂੰ ਮੱਧ ਪ੍ਰਦੇਸ਼ ਦੇ ਛਿੰਦਵਾੜਾ ਜ਼ਿਲ੍ਹੇ ਵਿੱਚ ਬੱਚਿਆਂ ਦੀਆਂ ਹਾਲ ਹੀ ਵਿੱਚ ਹੋਈਆਂ

ਮੌਤਾਂ ਨਾਲ ਜੋੜਿਆ ਗਿਆ ਦੇਖਿਆ ਗਿਆ ਏ , ਇਸ ਲਈ ਜਨਤਕ ਹਿੱਤ ਵਿੱਚ ਤੁਰੰਤ ਪ੍ਰਭਾਵ ਨਾਲ ਪੰਜਾਬ ਰਾਜ ਵਿੱਚ ਇਸ ਉਤਪਾਦ ਦੀ ਵਿਕਰੀ, ਵੰਡ ਅਤੇ ਵਰਤੋਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਏ । ਹੁਕਮ ਵਿੱਚ ਇਹ ਵੀ ਕਿਹਾ ਗਿਆ ਏ ਕਿ ਪੰਜਾਬ ਦੇ ਸਾਰੇ ਪ੍ਰਚੂਨ ਵਿਕਰੇਤਾ, ਵਿਤਰਕ, ਰਜਿਸਟਰਡ ਮੈਡੀਕਲ ਪ੍ਰੈਕ-ਟੀਸ਼ਨਰ ਅਤੇ ਹਸਪਤਾਲ ਅਤੇ ਸਿਹਤ ਸੰਭਾਲ ਸੰਸਥਾਵਾਂ ਇਸ ਉਤਪਾਦ ਨੂੰ ਖਰੀਦਣ, ਵੇਚਣ ਜਾਂ ਵਰਤੋਂ ਨਹੀਂ ਕਰਨਗੀਆਂ। ਜੇਕਰ ਰਾਜ ਵਿੱਚ ਦਵਾਈ ਦਾ ਕੋਈ ਭੰਡਾਰ ਉਪਲਬਧ ਏ , ਤਾਂ ਜਾਣਕਾਰੀ ਐਫ.ਡੀ.ਏ. (ਡਰੱਗਜ਼ ਵਿੰਗ) ਨੂੰ ਪ੍ਰਦਾਨ ਕੀਤੀ ਜਾ ਸਕਦੀ ਏ ।

-----------------------------------------------------

ਅੱਜ ਦੇਸ਼ ਭਰ ਵਿੱਚ, ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਉਤਸਵ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਵਿੱਚ ਵੱਖ-ਵੱਖ ਸਥਾਨਾਂ 'ਤੇ ਸ਼ੋਭਾ ਯਾਤਰਾਵਾਂ ਕੱਢੀਆਂ ਜਾ ਰਹੀਆਂ ਨੇ। ਇਹ ਦਿਨ ਰਾਮਾਇਣ ਦੀ ਰਚਨਾ ਕਰਨ ਵਾਲੇ, ਮਹਾਰਿਸ਼ੀ ਵਾਲਮੀਕਿ ਦੀ ਜਯੰਤੀ ਦਾ ਪ੍ਰਤੀਕ ਏ। ਮਹਾਰਿਸ਼ੀ ਵਾਲਮੀਕਿ ਦਾ "ਆਦਿ ਕਵੀ" ਵਜੋਂ ਵੀ ਸਤਿਕਾਰ ਕੀਤਾ ਜਾਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਮਹਾਰਿਸ਼ੀ ਵਾਲਮੀਕਿ ਜਯੰਤੀ

ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਏ ਕਿ ਆਦਿ-ਕਵੀ ਵਾਲਮੀਕਿ ਵੱਲੋਂ ਰਚਿਤ 'ਰਾਮਾਇਣ' ਨੇ ਮਨੁੱਖੀ ਸਮਾਜ ਨੂੰ ਭਗਵਾਨ ਸ਼੍ਰੀ ਰਾਮ ਦੀ ਪ੍ਰੇਰਨਾਦਾਇਕ ਕਹਾਣੀ ਅਤੇ ਆਦਰਸ਼ ਜੀਵਨ ਦੀ ਵਿਰਾਸਤ ਪ੍ਰਦਾਨ ਕੀਤੀ ਏ । ਉਨ੍ਹਾਂ ਕਿਹਾ ਕਿ 'ਰਾਮਾਇਣ' ਵਿੱਚ ਭਗਵਾਨ ਸ਼੍ਰੀ ਰਾਮ ਦੇ ਜੀਵਨ ਦਰਸ਼ਨ ਨੂੰ ਸ਼ਾਮਲ ਕਰਕੇ, ਮਹਾਰਿਸ਼ੀ ਵਾਲਮੀਕਿ ਨੇ ਸਾਰੇ ਵਰਗਾਂ ਦੇ ਲੋਕਾਂ ਨੂੰ ਮਨੁੱਖਤਾ, ਮਾਣ ਅਤੇ ਧਰਮ ਦਾ ਸੰਦੇਸ਼ ਦਿੱਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਨ ਸਭ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਨ ਇਸ ਮੌਕੇ ਸ਼ੁਭਕਾਮਨਾਵਾ ਦਿਤੀਆਂ ਨੇ ।

---------------------------------------------------

ਇਸ ਮੌਕੇ ਪੰਜਾਬ ਭਰ ਵਿਚ ਵੀ ਸਮਾਗਮ ਕੀਤੇ ਗਏ ਤੇ ਸ਼ੋਭਾ ਯਾਤਰਾਵਾਂ ਕੱਢੀਆਂ ਗਈਆਂ । ਜਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਅਮਲੋਹ ਸ਼ਹਿਰ ਵਾਲਮੀਕਿ ਮੰਦਰ ਵਿਖੇ ਮੰਦਰ ਕਮੇਟੀ ਵੱਲੋਂ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਮੇਟੀ ਨੂੰ ਮੰਦਰ ਹਾਲ ਦੀ ਉਸਾਰੀ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।

---------------------------------------------------

ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਾਰਿਆਂ, ਜੈਕਾਰਿਆਂ ਦੀ ਗੂੰਜ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ । ਇਸ ਮੌਕੇ ਹਾਜ਼ਰ ਵੱਡੀ ਗਿਣਤੀ ਵਿਚ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਾ ਪੁਰਾਤਨ ਦਰਵਾਜ਼ਿਆਂ ਨੂੰ ਜੋੜਦੇ ਮਾਰਗ ’ਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਵੱਖ-ਵੱਖ ਥਾਵਾਂ ’ਤੇ ਸਭਾ-ਸੁਸਾਇਟੀਆਂ ਅਤੇ ਸੰਗਤਾਂ ਨੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸ਼ਰਧਾ ਪ੍ਰਗਟਾਈ । ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਗੁਰਪੁਰਬ ਦੀ ਵਧਾਈ ਦਿੰਦਿਆਂ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ।

----------------------------------------------------

ਪੰਜਾਬ ਮੰਡੀ ਬੋਰਡ ਨੇ ਸੂਬੇ ਭਰ ਦੀਆਂ ਅਨਾਜ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੇ ਮੁੱਦਿਆਂ ਨੂੰ ਤੁਰੰਤ ਨਿਪਟਾਉਣ ਵਿੱਚ ਮਦਦ ਲਈ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਏ । ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਚੱਲ ਰਹੇ ਝੋਨੇ ਦੇ ਖ਼ਰੀਦ ਸੀਜ਼ਨ ਦੌਰਾਨ ਨਿਰਵਿਘਨ ਖ਼ਰੀਦ ਨੂੰ ਯਕੀਨੀ ਬਣਾਉਣ ਲਈ ਇਸ ਕੰਟਰੋਲ ਰੂਮ ਵਿੱਚ ਚਾਰ ਸਮਰਪਿਤ ਅਧਿਕਾਰੀ ਤਾਇਨਾਤ ਕੀਤੇ ਗਏ ਹਨ। ਇਨ੍ਹਾਂ ਅਧਿਕਾਰੀਆਂ ਨੂੰ ਦੋ ਟੀਮਾਂ ਵਿੱਚ ਵੰਡਿਆ ਗਿਆ ਏ । ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਇਸ ਅਹਿਮ ਕਾਰਜ ਦੌਰਾਨ ਕਿਸੇ ਨੂੰ ਵੀ ਕੋਈ ਦਿੱਕਤ ਨਾ ਆਵੇ| ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਕਿਸਾਨ ਅਤੇ ਹੋਰ ਭਾਈਵਾਲ ਕੰਟਰੋਲ ਰੂਮ ਨਾਲ 0172-510-16-49 ਅਤੇ 0172-510-17-04 ਉਤੇ ਸੰਪਰਕ ਕਰ ਸਕਦੇ ਹਨ। ਇਹ ਪਹਿਲਕਦਮੀ ਸਮੇਂ ਸਿਰ ਖ਼ਰੀਦ ਅਪਡੇਟ ਪ੍ਰਦਾਨ ਕਰਕੇ ਅਤੇ ਅੰਤਰ-ਏਜੰਸੀ ਤਾਲਮੇਲ ਨੂੰ ਸੁਵਿਧਾਜਨਕ ਤੇ ਹੋਰ ਕੁਸ਼ਲ ਬਣਾ ਕੇ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਸੁਚਾਰੂ ਖਰੀਦ ਪ੍ਰਬੰਧਾਂ ਨੂੰ ਯਕੀਨੀ ਬਣਾਏਗੀ ।

-------------------------------------------------------

ਮੌਜੂਦਾ ਸਾਉਣੀ ਮੰਡੀਕਰਨ ਸੀਜ਼ਨ ਦੌਰਾਨ ਕੱਲ੍ਹ ਦੇਰ ਸ਼ਾਮ ਤੱਕ ਸੂਬੇ ਦੀਆਂ ਮੰਡੀਆਂ ਵਿੱਚ ਕੁੱਲ 8 ਲੱਖ 24 ਹਜ਼ਾਰ 732 ਮੀਟਰਿਕ ਟਨ

ਝੋਨੇ ਦੀ ਆਮਦ ਹੋਈ ਅਤੇ ਇਸ ਵਿੱਚੋਂ 7 ਲੱਖ 72 ਹਜ਼ਾਰ 965 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ । ਸਰਕਾਰੀ ਏਜੰਸੀਆਂ ਨੇ 7 ਲੱਖ 70 ਹਜ਼ਾਰ ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਏ ਅਤੇ ਪਨਗ੍ਰੇਨ ਹੁਣ ਤੱਕ 3 ਲੱਖ 23 ਹਜ਼ਾਰ ਮੀਟਰਕ ਟਨ ਖਰੀਦ ਨਾਲ ਸਰਕਾਰੀ ਏਜੰਸੀਆਂ ਵਿੱਚੋਂ ਮੋਹਰੀ ਰਿਹਾ ਏ ।ਹੁਣ ਤੱਕ ਕਿਸਾਨਾਂ ਦੇ ਖਾਤਿਆਂ ਵਿੱਚ 1646 ਕਰੋੜ 47 ਲੱਖ ਰੁਪਏ ਭੇਜੇ ਜਾ ਚੁੱਕੇ ਹਨ। ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਬਾਰਦਾਨਾ, ਡਾਕਟਰੀ ਸਹੂਲਤਾਂ ਅਤੇ ਸਫ਼ਾਈ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਕਿਸੇ ਵੀ ਕਿਸਾਨ ਨੂੰ ਆਪਣੀ ਉਪਜ ਵੇਚਣ ਵਿੱਚ ਕੋਈ ਮੁਸ਼ਕਿਲ ਦਰਪੇਸ਼ ਨਾ ਆਵੇ।

----------------------------------------------------------

ਪੰਜਾਬ ਵਿੱਚ ਗਰੀਨ ਊਰਜਾ ਨੂੰ ਉਤਸ਼ਾਹਿਤ ਕਰਨ ਅਤੇ ਖੇਤੀਬਾੜੀ ਸੈਕਟਰ ਦੀ ਨੁਹਾਰ ਬਦਲਣ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ-ਪੇਡਾ ਨੇ ਭਾਰਤੀ ਵਿਗਿਆਨ ਸੰਸਥਾਨ ਬੰਗਲੌਰ ਨਾਲ ਸਮਝੌਤਾ ਸਹੀਬੱਧ ਕੀਤਾ ਏ ਤਾਂ ਜੋ ਬਾਇਓਮਾਸ, ਖਾਸ ਤੌਰ ਉੱਤੇ ਪਰਾਲੀ ਤੋਂ ਗ੍ਰੀਨ ਹਾਈਡ੍ਰੋਜਨ ਦੇ ਉਤਪਾਦਨ ਲਈ ਸੂਬੇ ਵਿੱਚ ਆਪਣੀ ਕਿਸਮ ਦਾ ਪਹਿਲਾ ਆਜ਼ਮਾਇਸ਼ੀ ਡੈਮੋਨਸਟ੍ਰੇਸ਼ਨ ਪ੍ਰੋਜੈਕਟ

ਸਥਾਪਤ ਕੀਤਾ ਜਾ ਸਕੇ । ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਇਸ ਰਣਨੀਤਕ ਸਾਂਝੇਦਾਰੀ ਨੂੰ ਅੱਗੇ ਵਧਾਇਆ ਜਾ ਰਿਹਾ ਏ, ਤਾਂ ਜੋ ਪਰਾਲੀ ਦੇ ਪ੍ਰਬੰਧਨ ਸਬੰਧੀ ਚੁਣੌਤੀਆਂ ਨੂੰ ਗਰੀਨ ਊਰਜਾ ਵਿਚ ਬਦਲਕੇ ਇੱਕ ਲਾਭਦਾਇਕ ਤੇ ਬੇਹਤਰ ਬਦਲ ਵਜੋਂ ਸੂਬੇ ਦੀ ਖੁਸ਼ਹਾਲੀ ਲਈ ਰਾਹ ਪੱਧਰਾ ਕੀਤਾ ਜਾ ਸਕੇ। ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਨੀਲਿਮਾ ਅਤੇ ਸੰਸਥਾਨ  ਬੰਗਲੌਰ ਦੇ ਰਜਿਸਟਰਾਰ ਵੱਲੋਂ ਇਸ ਸਮਝੌਤੇ ਉੱਤੇ ਹਸਤਾਖਰ ਕੀਤੇ ।  ਇਹ ਸਮਝੌਤਾ ਕਪੂਰਥਲਾ ਵਿਖੇ ਸਰਦਾਰ ਸਵਰਨ ਸਿੰਘ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ ਵਿੱਚ 5ਵੀਂ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ ਕੀਤਾ ਗਿਆ।

-------------------------------------------------------

ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਨੂੰ ਵੱਡੇ ਪੱਧਰ ਉੱਤੇ ਮਨਾ ਰਹੀ ਏ ਅਤੇ ਇਸ ਕਾਰਜ ਲਈ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਨੂੰ ਨੋਡਲ ਵਿਭਾਗ ਵੱਜੋਂ ਜ਼ਿੰਮੇਵਾਰੀ ਸੌਂਪੀ ਗਈ ਏ । ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ  ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ

ਧਰਤੀ ਉੱਤੇ ਬੀਤੇ ਦਿਨੀਂ ਭਾਈ ਜੈਤਾ ਜੀ ਦੀ ਯਾਦਗਾਰ ਵਿੱਚ ਇਤਿਹਾਸ ਨੂੰ ਰੂਪਮਾਨ ਕਰਦੀਆਂ ਪੰਜ ਗੈਲਰੀਆਂ ਮਨੁੱਖਤਾ ਨੂੰ ਸਮਰਪਿਤ ਕੀਤੀਆਂ ਗਈਆਂ । ਇਸ ਯਾਦਗਾਰ ਦਾ ਕੁੱਲ ਖੇਤਰ 5 ਏਕੜ ਏ । ਇਸ ਯਾਦਗਾਰ ਦਾ ਡਿਜ਼ਾਈਨ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਰਚੀਟੈਕਚਰ ਵਿੰਗ ਵੱਲੋਂ ਤਿਆਰ ਕੀਤਾ ਗਿਆ ਏ । ਇਸ ਨੂੰ ਦੋ ਭਾਗਾਂ ਵਿੱਚ ਮੁਕੰਮਲ ਕੀਤਾ ਗਿਆ ਏ ।

-----------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਉਤਰਾਖੰਡ ਅਤੇ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਅੱਜ ਉੱਤਰ-ਪੱਛਮੀ ਭਾਰਤ ਵਿੱਚ ਵੀ ਭਾਰੀ ਮੀਂਹ ਅਤੇ ਗੜੇਮਾਰੀ ਦੀ ਸੰਭਾਵਨਾ ਜਤਾਈ ਏ। ਇਸ ਦੌਰਾਨ, ਪੰਜਾਬ ਵਿੱਚ ਜਲੰਧਰ ਅਤੇ ਮੋਹਾਲੀ ਸਮੇਤ ਕਈ ਇਲਾਕਿਆਂ ਵਿੱਚ, ਸਵੇਰ ਤੋਂ ਹੀ ਮੀਂਹ ਪਿਆ ।

-----------------------------------------------------

ਜੰਮੂ-ਕਸ਼ਮੀਰ ਵਿੱਚ 270 ਕਿਲੋਮੀਟਰ ਲੰਬਾ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ ਜ਼ਮੀਨ ਖਿਸਕਣ ਕਾਰਨ ਵਾਹਨਾਂ ਦੀ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਏ । ਜੰਮੂ ਡਿਵੀਜ਼ਨ ਦੇ ਰਾਜੌਰੀ ਅਤੇ ਪੁੰਛ ਜ਼ਿਲ੍ਹਿਆਂ ਨੂੰ ਕਸ਼ਮੀਰ ਘਾਟੀ ਦੇ ਸ਼ੋਪੀਆਂ ਜ਼ਿਲ੍ਹੇ ਨਾਲ ਜੋੜਨ ਵਾਲਾ

ਇਤਿਹਾਸਕ ਮੁਗਲ ਰੋਡ ਵੀ ਭਾਰੀ ਬਰਫ਼ਬਾਰੀ ਕਾਰਨ ਬੰਦ ਏ । ਅਧਿਕਾਰੀਆਂ ਨੇ ਮੁਸਾਫ਼ਰਾਂ ਨੂੰ ਇਨ੍ਹਾਂ ਰਸਤਿਆਂ 'ਤੇ ਯਾਤਰਾ ਨਾ ਕਰਨ ਦੀ ਸਲਾਹ ਅਤੇ ਲੋਕਾਂ ਨੂੰ ਅਫਵਾਹਾਂ ਵੱਲ ਧਿਆਨ ਨਾ ਦੇਣ ਦੀ ਅਪੀਲ ਕੀਤੀ ਏ ।

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸ਼ਾਸਨ ਦੇ 25ਵੇਂ ਸਾਲ ਵਿੱਚ ਦਾਖਲ ਹੁੰਦਿਆਂ, ਇੱਕ ਵਿਕਸਤ ਭਾਰਤ ਦੇ ਸਾਂਝੇ ਸੁਪਨੇ ਨੂੰ ਪੂਰਾ ਕਰਨ ਲਈ ਸਖ਼ਤ ਮਿਹਨਤ ਦਾ ਸੰਕਲਪ ਲਿਆ ।

- ਕੇਂਦਰੀ ਜਲ ਸ਼ਕਤੀ ਅਤੇ ਰੇਲਵੇ ਰਾਜ ਮੰਤਰੀ, ਵੀ. ਸੋਮੰਨਾ ਨੇ ਅੱਜ ਅੰਮ੍ਰਿਤਸਰ ਵਿੱਚ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ।

- ਪੰਜਾਬ ਸਰਕਾਰ ਨੇ ਕੋਲਡਰਿਫ ਕਫ ਸਿਰਪ ਦੀ ਵਰਤੋਂ, ਵਿਕਰੀ ਅਤੇ ਵੰਡ 'ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਾਈ ।

- ਅੱਜ ਦੇਸ਼ ਭਰ ਵਿੱਚ, ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਉਤਸਵ, ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਪੰਜਾਬ ਮੰਡੀ ਬੋਰਡ ਵੱਲੋਂ ਝੋਨੇ ਦੀ ਸੁਚਾਰੂ ਖਰੀਦ ਲਈ ਕੰਟਰੋਲ ਰੂਮ ਸਥਾਪਤ - ਮੰਡੀਆਂ ਨਾਲ ਸਬੰਧਤ ਮਾਮਲਿਆਂ ਦੇ ਤੁਰੰਤ ਨਿਪਟਾਰੇ ਵਿੱਚ ਮਦਦ ਲਈ ਕੀਤਾ ਉਪਰਾਲਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!**